**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ** ਭਵਨ, **ਸੈਕਟਰ**-68, **ਐੱਸ.ਏ.ਐੱਸ. ਨਗਰ।**

https://sssb.punjab.gov.in

**ਇਸ਼ਤਿਹਾਰ ਨੰਬਰ** 08 **ਆਫ** 2026 **ਅਸਾਮੀਆਂ ਦੀ ਗਿਣਤੀ** - 532

| ਲੜੀ ਨੰ. | ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ |
|---|---|---|
| 1. | ਵਾਰਡਰ | 475 |
| 2. | ਮੇਟਰਨ | 57 |


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 1 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 1-2 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 2-3 |
| 5. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 3-4 |
| 6. | ਵਿੱਦਿਅਕ/ਤਕਨੀਕੀ/PMT/PET ਯੋਗਤਾ | 4-7 |
| 7. | ਉਮਰ ਸੀਮਾ | 7-8 |
| 8. | ਤਨਖਾਹ ਸਕੇਲ ਅਤੇ ਭੱਤੇ | 8 |
| 9. | ਫੀਸ ਸੰਬੰਧੀ ਵੇਰਵਾ | 9 |
| 10. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 9-10 |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 10 |
| 12. | ਅਪਲਾਈ ਕਰਨ ਦੀ ਵਿਧੀ | 11-12 |
| 13. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 12-13 |

# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

## ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।

https://sssb.punjab.gov.in

## ਜਨਤਕ ਨਿਯੁਕਤੀਆਂ

### ਮਹੱਤਵਪੂਰਨ ਮਿਤੀਆਂ:

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | **-** | **28-03-2026** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | **-** | **01-04-2026** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਅਤੇ ਫੀਸ ਭਰਨ ਦੀ ਆਖਰੀ ਮਿਤੀ** | **-** | **21-04-2026** |

**1. ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**2. ਵਿਸਥਾਰਪੂਰਵਕ ਸੂਚਨਾ**

ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ, ਜੇਲ੍ਹਾਂ, ਪੰਜਾਬ, ਚੰਡੀਗੜ੍ਹ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਵਿਭਾਗੀ ਸੇਵਾ ਨਿਯਮਾਂ ਅਨੁਸਾਰ **ਗਰੁੱਪ-ਸੀ** ਦੀਆਂ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਯੋਗ ਉਮੀਦਵਾਰਾਂ ਤੋਂ ਮਿਤੀ **01-04-2026 ਤੋਂ 21-04-2026** ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦੀ ਕੈਟਾਗਰੀ ਵਾਈਜ਼ ਵਰਗੀਕਰਨ ਹੇਠ ਅਨੁਸਾਰ ਹੈ:-**

**(i) ਅਸਾਮੀ ਦਾ ਨਾਮ:- ਵਾਰਡਰ (ਕੇਵਲ ਪੁਰਸ਼ ਉਮੀਦਵਾਰਾਂ ਲਈ)**

| Sr. No. | Category | Warder (Only for Males) |
|---|---|---|
| 01 | General | 203 |
| 02 | SC (M&B) | 48 |
| 03 | SC (R&O) | 48 |
| 04 | BC | 48 |
| 05 | Exservicemen General | 34 |
| 06 | Exservicemen SC (M&B) | 10 |
| 07 | Exservicemen SC (R&O) | 9 |

| | | |
|---|---|---|
| 08 | Exservicemen BC | 9 |
| 09 | Sports General | 10 |
| 10 | Sports SC (M&B) | 2 |
| 11 | Sports SC (R&O) | 2 |
| 12 | Freedom Fighter | 5 |
| 13 | Economically Weaker Section | 47 |
| | Total | 475 |

**(ii) ਅਸਾਮੀ ਦਾ ਨਾਮ:- ਮੇਟਰਨ (ਕੇਵਲ ਇਸਤਰੀ ਉਮੀਦਵਾਰਾਂ ਲਈ)**

| Sr. No. | Category | Matron (Only for Females) |
|---|---|---|
| 01 | General | 26 |
| 02 | SC (M&B) | 6 |
| 03 | SC (R&O) | 5 |
| 04 | BC | 5 |
| 05 | Exservicemen General | 4 |
| 06 | Exservicemen SC (M&B) | 1 |
| 07 | Exservicemen SC (R&O) | 1 |
| 08 | Exservicemen BC | 1 |
| 09 | Sports General | 2 |
| 10 | Sports SC (M&B) | 1 |
| 11 | Sports SC (R&O) | 0 |
| 12 | Economically Weaker Section | 5 |
| | Total | 57 |

**4. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ :-**

| Sr. No. | Category | Code |
|---|---|---|
| 1. | General | 101 |
| 2. | EWS (Gen.) | 102 |
| 3. | S.C. (M & B) | 103 |
| 4. | S.C. (Ramdasia & others) | 104 |
| 5. | B.C. | 105 |
| 6. | ESM Gen. (Self) | 106 |
| 7. | ESM Gen. (Dependent) | 107 |
| 8. | ESM S.C (M & B) (Self) | 108 |
| 9. | ESM S.C (M & B) (Dependent) | 109 |
| 10. | ESM S.C (R & O) (Self) | 110 |
| 11. | ESM S.C (R & O) (Dependent) | 111 |
| 12. | ESM B.C (Self) | 112 |
| 13. | ESM B.C (Dependent) | 113 |
| 14. | Sports General | 114 |
| 15. | Sports {SC (M&B)} | 115 |

| | | |
|---|---|---|
| 16. | Sports {SC (R&O)} | 116 |
| 17. | Freedom Fighter | 121 |

| | |
|---|---|
| General | - ਆਮ ਵਰਗ, |
| EWS (Gen.) | -ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ), |
| S.C. (M&B) | -ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ), |
| S.C. (R&O) | - ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ), |
| B.C. | -ਪੱਛੜੀ ਸ਼੍ਰੇਣੀ, |
| ESM Gen. (Self) | - ਸਾਬਕਾ ਫੌਜੀ-ਆਮ ਵਰਗ (ਖੁਦ), |
| ESM Gen. (Dependent) | -ਸਾਬਕਾ ਫੌਜੀ-ਆਮ ਵਰਗ (ਆਸ਼ਰਿਤ), |
| ESM {S.C(M&B)}(Self) | -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਖੁਦ), |
| ESM {S.C(M&B)}(Dependent) | -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਆਸ਼ਰਿਤ), |
| ESM {S.C(R&O)}(Self) | -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਖੁਦ), |
| ESM {S.C(R&O)}(Dependent) | -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਆਸ਼ਰਿਤ), |
| ESM B.C (Self) | -ਸਾਬਕਾ ਫੌਜੀ (ਪੱਛੜੀ ਸ਼੍ਰੇਣੀ) (ਖੁਦ), |
| ESM B.C (Dependent) | -ਸਾਬਕਾ ਫੌਜੀ (ਪੱਛੜੀ ਸ਼੍ਰੇਣੀ) (ਆਸ਼ਰਿਤ), |
| Sports General | -ਖਿਡਾਰੀ ਆਮ ਵਰਗ, |
| Sports {SC(M&B)} | -ਖਿਡਾਰੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}, |
| Sports {SC(R&O)} | -ਖਿਡਾਰੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}, |
| Freedom Fighter | -ਸੁਤੰਤਰਤਾ ਸੰਗਰਾਮੀ। |

## 5. Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-

(I) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(II) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(III) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence ਅਪਲੋਡ/ਪੇਸ਼ ਕਰੇਗਾ।) (ਇਹ ਸਰਟੀਫਿਕੇਟ ਹਰ ਉਮੀਦਵਾਰ (ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਕੈਟਾਗਰੀ ਨਾਲ ਸੰਬੰਧ ਰੱਖਦਾ ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(IV) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ/ਖਿਡਾਰੀ/EWS ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(V) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(VI) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦੇ ਪੁਖਤਾ (Valid) ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਵੇਗਾ।

(VII) ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ (ਅਪੰਗ ਵਿਅਕਤੀਆਂ ਦੀ ਭਲਾਈ ਸ਼ਾਖਾ) ਦੇ ਪੱਤਰ ਨੰ.7/24/2012-7ਸਸ/424 ਮਿਤੀ 17.05.2013 ਦੇ ਸਨਮੁੱਖ ਜੇਲ੍ਹ ਵਿਭਾਗ ਦੀਆਂ ਵਾਰਡਰ/ਮੈਟਰਨ ਦੀਆਂ ਅਸਾਮੀਆਂ ਦੀ ਜਾਬ ਆਇਡੈਂਟੀਫਿਕਸ਼ਨ ਤੇ ਦਿਵਿਆਂਗ ਨੂੰ ਸ਼ਾਮਲ ਨਹੀਂ ਕੀਤਾ ਗਿਆ। ਇਸ ਲਈ ਦਿਵਿਆਂਗਜਨ ਉਪਰ ਦਰਸਾਈਆਂ ਪੋਸਟਾਂ ਵਿੱਚ ਅਪਲਾਈ ਨਹੀਂ ਕਰ ਸਕਦੇ।

(VIII) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਪਹਿਲਾਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(IX) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ :-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second provision."

**6. <u>ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ</u> :-**

ਉਮੀਦਵਾਰਾਂ ਦੀ ਵਿਦਿਅਕ ਯੋਗਤਾ/ਤਕਨੀਕੀ ਯੋਗਤਾ/Physical Measurement Test ਅਤੇ Physical Efficiency Test ਦੀ ਯੋਗਤਾ ਸਬੰਧਤ ਵਿਭਾਗ ਤੋਂ ਪ੍ਰਾਪਤ ਮੰਗ ਮੁਤਾਬਕ ਹੇਠ ਅਨੁਸਾਰ ਹੈ :-

(i) ਅਸਾਮੀ ਦਾ ਨਾਮ:- ਵਾਰਡਰ

ਯੋਗਤਾ (Qualification)

**1. Educational Qualification:-**

(i) who have passed 10+2 or equivalent examination of any recognized Education Board with Punjabi as one of the compulsory or Elective subject or any other equivalent examination in Punjabi Language, as specified by the Government from time to time.

**2. Physical Measurement Test (PMT):-**

**(i) Physical standards Minimum Height:**

a) 5 feet 7 inches,

b) 5 feet 4-1/2 inches in case of Dogras and Gurkhas.

**(ii) Chest:-** 33 inches unexpanded 34-1/2 inches expanded.

**(iii) Vision:-** Normal in both eyes (with or without spectacles) (must not be colour blind.)

**3. Physical Efficiency Test (PET):-**

(i) For male candidates:-

| Sr. No. | Item | Eligible Time/Distance |
|---|---|---|
| 1. | 100 Meters Run | 15 Seconds (only one chance) |
| 2. | Shot Put (7.26 Kg) (16 pound) | 5.50 meters (Three chances) |
| 3. | Rope Climbing | 15 feet (Three chances) |

(ii) For Ex-servicemen candidates (male):-

| Sr. No. | Item | Eligible Time/Distance |
|---|---|---|
| 1. | 100 Meters Run | 17.5 Seconds (only one chance) |
| 2. | Shot Put (7.26 Kg) (16 pound) | 5.00 meters (Three chances) |
| 3. | Rope Climbing | 12 feet (Three chances) |

(i) ਅਸਾਮੀ ਦਾ ਨਾਮ:-ਮੇਟਰਨ

**1. Educational Qualification:-**

(i) who have passed 10+2 or equivalent examination of any recognized Education Board with Punjabi as one of the compulsory or Elective subject or any other equivalent examination in Punjabi Language, as specified by the Government from time to time. Only women can be recruited as Matron.

**2. Physical Measurement Test (PMT):-**

**(i) Physical standards Minimum Height:** 5 feet 3 inches
**Weight:-** 50 Kg and above.
**Vision:-** Normal in both eyes (with or without spectacles) (must not be colour blind.)

**3. Physical Efficiency Test (PET):-**

(i) For female candidates:-

| Sr. No. | Item | Eligible Time/Distance |
|---|---|---|
| 1. | 100 Meters Run | 18.5 Seconds (only one chance) |
| 2. | Shot Put (5.443 Kg) (12 pound) | 4.0 meters (Three chances) |
| 3. | Rope Climbing | 12 feet (Three chances) |

(ii) For Ex-servicewomen candidates (female):-

| Sr. No. | Item | Eligible Time/Distance |
|---|---|---|
| 1. | 100 Meters Run | 20.0 Seconds (only one chance) |
| 2. | Shot Put (5.443 Kg) (12 pound) | 3.5 meters (Three chances) |
| 3. | Rope Climbing | 10 feet (Three chances) |

ਨੋਟ :- (I) ਉਪਰ ਦਰਸਾਈਆਂ ਵੱਖ ਵੱਖ ਤਰ੍ਹਾਂ ਦੀਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

"17.Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."

(II) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ.G.S.R.7/Const./Art.309/Amd.(23)/ 2026 ਮਿਤੀ 21.01.2026 ਮੁਤਾਬਕ ਉਮੀਦਵਾਰ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਪੂਰੀਆਂ ਕਰਦਾ ਹੋਵੇ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

"The cut-off date to determine the minimum educational and other qualifications, unless otherwise specifically provided in the relevant rules, shall be the last date for submission of application forms."

**7. ਉਮਰ ਸੀਮਾ** :-

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2026 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

7.1 ਅਸਾਮੀ ਦਾ ਨਾਮ:- **ਵਾਰਡਰ**

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 27 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 32 ਸਾਲ ਹੋਵੇਗੀ।

(III) Pensioned soldiers of armed forces ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ 40 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(IV) Men who have resigned from armed Forces after at least 3 years of service ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ 30 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(V) Men who have spent 5 years or more in the Police force ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ 30 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(VI) Army Reserve men ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ 35 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(VII) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(VIII)ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

7.2 ਅਸਾਮੀ ਦਾ ਨਾਮ:- **ਮੇਟਰਨ**

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 27 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 32 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) The upper age limit for widows, women who have legally separated from their husbands or have been divorced, women whose husbands have been ordered by Civil or Criminal Courts to Pay maintenance to them, women who have because of their desertion have been living separately from their husbands for more than two years is not more than 35 years.

ਨੋਟ:- 1. **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ** NOC **ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**8.** **ਤਨਖਾਹ ਸਕੇਲ ਅਤੇ ਭੱਤੇ**:-

| **ਲੜੀ ਨੰ.** | **ਅਸਾਮੀ ਦਾ ਨਾਮ** | **ਤਨਖਾਹ ਸਕੇਲ ਅਤੇ ਭੱਤੇ**<br>**7ਵੇਂ ਕੇਂਦਰੀ ਤਨਖਾਹ ਸਕੇਲ ਅਨੁਸਾਰ** |
|---|---|---|
| 1. | ਵਾਰਡਰ/ਮੇਟਰਨ | 19900-63200 (L-2) |

ਤਨਖਾਲ ਸਕੇਲ ਅਤੇ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

9. **ਫੀਸ ਸਬੰਧੀ ਵੇਰਵਾ**:-

| | | |
|---|---|---|
| ਆਮ ਵਰਗ (General Category)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁਪਏ |
| ਐਸ.ਸੀ.(S.C)/ਬੀ.ਸੀ.(BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) | - | 250/- ਰੁਪਏ |
| ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) | - | 200/- ਰੁਪਏ |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਹੋਵੇਗੀ।**

10. **ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ**:-

i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question (MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।

ii. ਇਹ ਪ੍ਰੀਖਿਆ ਦੋ ਭਾਗਾਂ (Part A & B) ਵਿੱਚ ਹੋਏਗੀ। Part-A ਵਿੱਚ ਦਸਵੀਂ ਪੱਧਰ ਦੀ ਪੰਜਾਬੀ ਭਾਸ਼ਾ ਦਾ ਪੇਪਰ ਹੋਏਗਾ, ਜੋ ਕਿ ਸਿਰਫ qualifying nature ਦਾ ਹੋਏਗਾ। ਇਹ ਪੇਪਰ qualify ਕਰਨ ਲਈ ਘੱਟੋ-ਘੱਟ 50% ਅੰਕ ਪ੍ਰਾਪਤ ਕਰਨੇ ਜਰੂਰੀ ਹਨ।

iii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਦੇ ਸਿਰਫ Part-B ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ। Part-B ਵਿੱਚ ਨੈਗੇਟਿਵ ਮਾਰਕਿੰਗ ਹੋਵੇਗੀ। ਹਰੇਕ ਪ੍ਰਸ਼ਨ ਦਾ 1 ਅੰਕ ਹੋਵੇਗਾ ਅਤੇ ਗਲਤ ਉੱਤਰ ਲਈ ¼ ਅੰਕ ਕੱਟੇ ਜਾਣਗੇ।

iv. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

v. ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ Physical Measurement Test (PMT) ਅਤੇ Physical Efficiency Test (PET) ਲਈ ਬੁਲਾਇਆ ਜਾਵੇਗਾ। ਇਹ ਦੋਵੇਂ test qualify ਕਰਨ ਵਾਲੇ ਉਮੀਦਾਵਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਸਮਰੱਥ ਅਥਾਰਟੀ/ਅਧਿਕਾਰੀ

ਵੱਲੋਂ ਸ਼੍ਰੇਣੀ ਵਾਈਜ ਅਸਾਮੀਆਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਏਗਾ। ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦਾ ਨਤੀਜਾ ਘੋਸ਼ਿਤ ਕੀਤਾ ਜਾਵੇਗਾ।

vi. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ PMT/PET ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਸਮਰੱਥ ਅਥਾਰਟੀ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

vii. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

viii. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

ਨੋਟ:- ਖਿਡਾਰੀ ਕੈਟਾਗਰੀ ਨਾਲ ਸਬੰਧਤ ਉਮੀਦਵਾਰਾਂ ਦੀ ਮੈਰਿਟ ਖੇਡ ਵਿਭਾਗ, ਪੰਜਾਬ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਮਿਤੀ 09.03.2026 ਅਤੇ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਅਨੁਸਾਰ ਤੈਅ ਕੀਤੀ ਜਾਵੇਗੀ।

## 11. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(VIII) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

## 12. ਅਪਲਾਈ ਕਰਨ ਦੀ ਵਿਧੀ:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Apply Online" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 01-04-2026 ਤੋਂ 21-04-2026ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

(II) **Registration and Login**

ਬੋਰਡ ਦੀ ਵੈਬਸਾਈਟ ਤੇ ਉਪਲਬਧ "Apply Online" ਲਿੰਕ ਤੇ ਕਲਿਕ ਕਰਨ ਉਪਰੰਤ ਉਮੀਦਵਾਰ (ਜਿਨ੍ਹਾਂ ਉਮੀਦਵਾਰਾਂ ਦਾ Login/User ID ਨਹੀਂ ਹੈ) "Registration" ਤੇ ਕਲਿਕ ਕਰਕੇ ਆਪਣੀ ਡਿਟੇਲ ਭਰਨਗੇ ਜਿਸ ਨਾਲ ਉਨ੍ਹਾਂ ਦਾ User ID ਅਤੇ Password generate ਹੋ ਜਾਵੇਗਾ। **ਇਹ User ID ਉਨ੍ਹਾਂ ਵੱਲੋਂ Registration ਕਰਨ ਸਮੇਂ ਭਰੀ ਗਈ Email Id ਹੋਵੇਗੀ।** Registration ਸਫਲ ਹੋਣ ਉਪਰੰਤ ਹੀ UserID (Email ID) ਦੀ ਵਰਤੋਂ ਕਰਕੇ ਆਨਲਾਈਨ ਅਪਲਾਈ ਕੀਤਾ ਜਾ ਸਕੇਗਾ। ਇਸ ਲਈ ਉਮੀਦਵਾਰ ਇਹ UserID/Password ਭਵਿੱਖ ਲਈ ਸੰਭਾਲ ਕੇ ਰੱਖਣ। ਰਜਿਸਟ੍ਰੇਸ਼ਨ ਕਰਨ ਤੋਂ ਬਾਅਦ ਉਮੀਦਵਾਰ ਆਪਣੀ ਰਜਿਸਟਰ ਕੀਤੀ ਜਾਣਕਾਰੀ/UserID (Email ID) ਨਾਲ Login ਕਰਕੇ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਜਾਰੀ ਰੱਖਣ।

**(III) Online Application/ਅਰਜ਼ੀ ਫਾਰਮ ਭਰਨਾ**

ਉਮੀਦਵਾਰ ਸਭ ਤੋਂ ਪਹਿਲਾਂ ਆਪਣੀ ਨਿੱਜੀ, ਵਿਦਿਅਕ ਅਤੇ ਲੋੜੀਂਦੀ ਜਾਣਕਾਰੀ ਸਹੀ ਅਤੇ ਪੂਰੀ ਤਰ੍ਹਾਂ ਭਰਦੇ ਹੋਏ ਆਪਣੀ ਪਾਸਪੋਰਟ ਆਕਾਰ ਦੀ ਫੋਟੋ ਅਪਲੋਡ ਕਰਨਗੇ ਜਾਂ ਕੈਮਰੇ ਰਾਹੀਂ live Photo capture ਕਰਨਗੇ, ਨਾਲ ਹੀ ਦਸਤਖ਼ਤ ਦੀ ਸਕੈਨ ਕੀਤੀ ਕਾਪੀ ਅਪਲੋਡ ਕਰਨਗੇ। ਫੋਟੋ ਅਤੇ ਦਸਤਖ਼ਤ ਤੋਂ ਬਿਨਾਂ ਭੇਜੀਆਂ ਅਰਜ਼ੀਆਂ ਅਧੂਰੀਆਂ ਮੰਨੀਆਂ ਜਾਣਗੀਆਂ ਅਤੇ ਰੱਦ ਕਰ ਦਿੱਤੀਆਂ ਜਾਣਗੀਆਂ। ਇਸ ਉਪਰੰਤ ਉਮੀਦਵਾਰ "Save Draft" ਕਰਨਗੇ ਜਾਂ "Next" ਤੇ ਕਲਿਕ ਕਰਨਗੇ। ਇਸ ਉਪਰੰਤ ਉਮੀਦਵਾਰ "Attach Annexure" ਤੇ ਕਲਿਕ ਕਰਨਗੇ ਅਤੇ ਆਪਣੇ 10ਵੀਂ ਜਮਾਤ ਦਾ ਸਰਟੀਫਿਕੇਟ, ਵਿਦਿਅਕ ਯੋਗਤਾ ਨਾਲ ਸਬੰਧਤ ਸਰਟੀਫਿਕੇਟ ਅਤੇ ਹੋਰ ਲਾਜ਼ਮੀ ਦਸਤਾਵੇਜ਼ਾਂ ਦੀਆਂ ਸਕੈਨ ਕਾਪੀਆਂ ਅਪਲੋਡ ਕਰਨਗੇ । ਦਸਤਾਵੇਜ਼ ਅਪਲੋਡ ਕਰਨ ਤੋਂ ਬਾਅਦ "Save Documents" ਤੇ ਕਲਿੱਕ ਕਰਨਗੇ। ਇਸ ਉਪਰੰਤ "Make payment" ਤੇ ਕਲਿਕ ਕਰਦੇ ਹੋਏ ਉਮੀਦਵਾਰ ਆਨਲਾਈਨ ਫੀਸ ਦਾ ਭੁਗਤਾਨ ਕਰਨਗੇ। ਫੀਸ ਦਾ ਭੁਗਤਾਨ ਕਰਨ ਉਪਰੰਤ "Submit" ਤੇ ਕਲਿੱਕ ਕਰਦੇ ਹੋਏ apply ਕਰਨ ਦੀ ਵਿਧੀ ਨੂੰ ਪੂਰਾ ਕਰਨਗੇ ਅਤੇ ਉਨ੍ਹਾਂ ਦਾ ਪੂਰਾ Application Form screen ਤੇ ਦਿਖਾਈ ਦੇਵੇਗਾ। ਉਮੀਦਵਾਰ ਇਸਦਾ print ਲੈਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ। ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) Application Form ਦਾ Draft save ਕਰਨ ਤੋਂ ਬਾਅਦ ਇਹ Draft "Menu>View Status of Application>View Incomplete Application" ਲਿੰਕ ਤੇ ਕਲਿਕ ਕਰਕੇ ਮੁੜ ਦੇਖਿਆ ਜਾ ਸਕਦਾ ਹੈ ਅਤੇ ਫਾਰਮ complete ਕਰਕੇ submit ਕੀਤਾ ਜਾ ਸਕੇਗਾ।

(V) ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(VI) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(VII) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(VIII) Online ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**13.** **ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ**:

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਕ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਖ) ਲਿਖਤੀ ਪ੍ਰੀਖਿਆ/PMT/PET ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਗ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਟੈਲੀਫੋਨ ਨੰ. 0172-2298000 (Extension No. 5106 and 5107), 0172-2298083, ਹੈਲਪਲਾਈਨ ਨੰਬਰ 99885-80229 ਅਤੇ 96469-32955 ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਘ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ/-**

**ਸਥਾਨ**: **ਐਸ.ਏ.ਐਸ. ਨਗਰ** — **ਸਕੱਤਰ**

**ਮਿਤੀ**: 21.03.2026 — **ਅਧੀਨ ਸੇਵਾਵਾਂ ਚੋਣ ਬੋਰਡ**, **ਪੰਜਾਬ**